# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ
3. ਸਮੂਹ ਜ਼ਿਲ੍ਹਾ ਮੈਥ ਕੋਆਰਡੀਨੇਟਰ
4. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2011/ 22673-733
ਮਿਤੀ,ਚੰਡੀਗੜ੍ਹ 5-5-11

ਵਿਸ਼ਾ :- ਅਭਿਆਸ ਪੁਸਤਕਾਂ ਤੇ ਕੰਮ ਕਰਵਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਾਇੰਸ ਅਤੇ ਗਣਿਤ ਵਿਸ਼ਿਆਂ ਵਿੱਚ ਗੁਣਾਤਮਕ ਸੁਧਾਰ ਲਿਆਉਣ ਪੱਖੋਂ ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਇਨ੍ਹਾਂ ਵਿਸ਼ਿਆਂ ਦੀਆਂ ਵੱਖਰੀਆਂ-ਵੱਖਰੀਆਂ ਅਭਿਆਸ ਪੁਸਤਕਾਂ ਤਿਆਰ ਕਰਕੇ ਸਕੂਲਾਂ ਅੰਦਰ ਭੇਜੀਆਂ ਗਈਆਂ ਹਨ। ਪਰ ਦਫ਼ਤਰ ਨੂੰ ਵਿਸ਼ਾ ਅਧਿਆਪਕਾਂ ਦੇ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ ਅਤੇ ਜ਼ਿਲ੍ਹਾ ਮੈਥ ਕੋਆਰਡੀਨੇਟਰਜ਼ ਦੀਆਂ ਰਿਪੋਰਟਾਂ ਰਾਹੀਂ ਇਸ ਤਰ੍ਹਾਂ ਦੇ ਸੁਝਾਅ ਪ੍ਰਾਪਤ ਹੋਏ ਹਨ ਕਿ ਅਭਿਆਸ ਪੁਸਤਕਾਂ ਤੇ ਕੰਮ ਸਿਰਫ਼ ਦੁਹਰਾਈ ਵੇਲੇ ਹੀ ਕਰਵਾਇਆ ਜਾਵੇ ਤਾਂ ਜੋ ਵਿਦਿਆਰਥੀਆਂ ਨੂੰ ਵੱਖ-ਵੱਖ ਪ੍ਰੀਖਿਆਵਾਂ ਦੀ ਤਿਆਰੀ ਤੋਂ ਪਹਿਲਾਂ ਅਭਿਆਸ ਕਰਵਾਇਆ ਜਾ ਸਕੇ।

3.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਸਾਇੰਸ ਅਤੇ ਗਣਿਤ ਵਿਸ਼ਿਆਂ ਦੀਆਂ ਅਭਿਆਸ ਪੁਸਤਕਾਂ ਦੀ ਵਰਤੋਂ ਵਿਸ਼ਾ ਅਧਿਆਪਕਾਂ ਦੁਆਰਾ ਸਿਲੇਬਸ ਖਤਮ ਕਰਨ ਉਪਰੰਤ ਅਤੇ ਪ੍ਰੀਖਿਆ ਦੀ ਤਿਆਰੀ ਤੋਂ ਪਹਿਲਾਂ ਦੁਹਰਾਈ ਵੇਲੇ ਹੀ ਇਨ੍ਹਾਂ ਦੀ ਵਰਤੋਂ ਕੀਤੀ ਜਾਵੇ। ਇਹ ਵੀ ਜ਼ਰੂਰੀ ਹੈ ਕਿ ਦੁਹਰਾਈ ਵੇਲੇ ਕਰਵਾਏ ਗਏ ਕੰਮ ਨੂੰ ਵਿਸ਼ਾ ਅਧਿਆਪਕ ਵੱਲੋਂ ਸੂਚਿਤ ਵੀ ਕੀਤਾ ਜਾਵੇ।

4.0 ਇੱਥੇ ਸਪੱਸ਼ਟ ਕੀਤਾ ਜਾਂਦਾ ਹੈ ਕਿ ਸਾਇੰਸ, ਮੈਥ ਵਿਸ਼ਿਆਂ ਲਈ ਰੈਗੂਲਰ ਕੰਮ ਹੋਮ ਵਰਕ ਦੀ ਕਾਪੀ, ਸਾਇੰਸ ਪ੍ਰੈਕਟੀਕਲ ਨੋਟ ਬੁੱਕ ਅਤੇ ਗਣਿਤ ਐਕਟੀਵਿਟੀ ਬੁੱਕ ਤੇ ਨਾਲ ਨਾਲ ਕਰਵਾਇਆ ਜਾਵੇ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ